# ਸੋਮਵਾਰ 21 ਜਨਵਰੀ 2019 ਤੋਂ ਐਤਵਾਰ 27 ਜਨਵਰੀ 2019 ਤੱਕ

- 23.1.19 ਬੁੱਧਵਾਰ: - 4.30 ਵਜ਼ੇ:- ਸਾਧ ਸੰਗਤ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ 4.30 ਵਜ਼ੇ ਹੋਣਗੇ , ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਹੋਵੇਗੀ
- ਦੇਗਾਂ ਦੀਆਂ ਸੇਵਾਵਾਂ: - ਸ: ਅਮਰਜੀਤ ਸਿੰਘ , ਸ੍:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- 24.1.19 ਵੀਰਵਾਰ:-
- 6.00 ਵੱਜ਼ੇ:- ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

25.1.19 ਸ਼ੁਕਰਵਾਰ:-

- 10.00 ਵਜ਼ੇ:-ਸ ਜੋਗਿੰਦਰ ਸਿੰਘ ਭਬਿਆਲ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।
- ਦੇਗਾਂ ਦੀਆਂ ਸੇਵਾਵਾਂ: - ਸ: ਸੁਰਜੀਤ ਸਿੰਘ ਸੇਖੋਂ, ਸ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ: ਗੁਰਦੇਵ ਸਿੰਘ ਔਲਖ, ਸ: ਛਿੰਦਾ ਸਿੰਘ ਥਾਂਦੀ, ਸ: ਹਰਬੰਸ ਸਿੰਘ ਨਿੱਝਰ, ਸ: ਇੰਦਰਜੀਤ ਸਿੰਘ ਬੀਬੀ ਪ੍ਰਮਜੀਤ ਕੌਰ ਤੇ ਸਵ: ਸ: ਨਿਰਮਲ ਸਿੰਘ ਪੁਰੇਵਾਲ, ਸ: ਨਾਵਿੰਦਰ ਸਿੰਘ ਤੇ ਬੀਬੀ ਮਲਵਿੰਦਰ ਕੌਰ ਸੇਖੋਂ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।
- 26.1.19 ਸ਼ਨਿਚਰਵਾਰ: -
  - 26.1.19 ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਨ ਹੈ।
  - 9.30 ਵੱਜੇ:- (1) ਸ ਰਣਵੀਰ ਸਿੰਘ ਰਾਏ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
  - 3.00 ਵੱਜੇ:- (2) ਬੀਬੀ ਤਲਵਿੰਦਰ ਕੌਰ ਸੰਘਾ ਅਤੇ ਪਰਿਵਾਰ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।

- 27.1.19 ਐਤਵਾਰ:-

  10.00 ਵਜ਼ੇ: - ਸ ਜੋਗਿੰਦਰ ਸਿੰਘ ਭਬਿਆਲ ਵੱਲੋ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 10.00 ਵਜ਼ੇ ਪੈਣਗੇ ਅਤੇ ਸਾਰੀ ਸੇਵਾ ਹੋਵੇਗੀ, ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ, ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।
- **Parents meeting in Punjabi school**

  - 31 ਜਨਵਰੀ ਪ੍ਰਕਾਸ਼ ਗੁਰੂ ਹਰਿਰਾਇ ਜੀ।
  - ਸਾਧ ਸੰਗਤ ਵੱਲੋਂ ਬੀਬੀ ਭਾਨੀ ਦਾ ਜਨਮ ਦਿਨ ਦੇ ਸਬੰਧ ਵਿੱਚ 1 ਫਰਵਰੀ ਸ਼ੁਕਰਵਾਰ ਨੂੰ ਸ੍ਰੀ ਅਖੰਡ ਪਾਠ ਅਰੰਭ ਹੋਣਗੇ ਜ੍ਹਿਨਾਂ ਦੀ ਸਮਾਪਤੀ 3 ਫਰਵਰੀ ਦਿਨ ਐਤਵਾਰ ਨੂੰ ਹੋਵੇਗੀ, ਸੰਗਤ ਨੂੰ ਬੇਨਤੀ ਹੈ ਕਿ ਜੇ ਕਿਸੇ ਨੇ ਕੋਈ ਸੇਵਾ ਲੈਣੀ ਹੋਵੇ ਤਾਂ ਬੀਬੀ ਗਿਆਨ ਕੌਰ ਪੁਰੇਵਾਲ, ਬੀਬੀ ਹਰਭਜਨ ਕੌਰ ਮਾਨ ਜਾਂ ਬੀਬੀ ਗੁਰਬਖਸ਼ ਕੌਰ ਨਾਲ ਸੰਪ੍ਰਕ ਕਰਨਾ ਜੀ।

- **5 February Chinese New Year**
- 8 ਫਰਵਰੀ ਵੱਡਾ ਘੱਲੂਘਾਰਾ
- 11 ਫਰਵਰੀ ਜਨਮ ਦਿਨ ਸਾਹਿਬਜ਼ਾਦਾ ਅਜੀਤ ਸਿੰਘ ਜੀ
- 12 ਫਰਵਰੀ ਸੰਗ੍ਰੰਦ ਫੱਗਣ ਦੀ
- 19 ਫਰਵਰੀ ਜਨਮ ਦਿਨ ਭਗਤ ਰਵਿਦਾਸ ਜੀ
- 21 ਸ਼ਹੀਦੀ ਸਾਕਾ ਨਨਕਾਣਾ ਸਾਹਿਬ ਜੀ

- # [ਅਮਰ ਸ਼ਹੀਦ ਬਾਬਾ ਦੀਪ ਸਿੰਘ]

- By admin January 26, 20180 Comments

- 
- ਸਿੱਖ ਧਰਮ ਵਿੱਚ ਸ਼ਹੀਦ ਬਾਬਾ ਦੀਪ ਸਿੰਘ ਦਾ ਨਾਂ ਬੜੇ ਮਾਣ ਨਾਲ ਲਿਆ ਜਾਂਦਾ ਹੈ। ਬਾਬਾ ਦੀਪ ਸਿੰਘ ਜੀ ਦਾ ਜਨਮ 26 ਜਨਵਰੀ 1682 ਨੂੰ ਪਿੰਡ ਪਹੂਵਿੰਡ ਜ਼ਿਲ੍ਹਾ ਤਰਨ ਤਾਰਨ ਵਿੱਚ ਪਿਤਾ ਭਗਤਾ ਤੇ ਮਾਤਾ ਜਿਉਣੀ ਦੇ ਘਰ ਹੋਇਆ। ਉਨ੍ਹਾਂ ਦੇ ਬਚਪਨ ਦਾ ਨਾਮ ਦੀਪਾ ਸੀ। ਉਨ੍ਹਾਂ ਦਾ ਪਰਿਵਾਰ ਗੁਰੂ ਗੋਬਿੰਦ ਸਿੰਘ ਜੀ ਦੇ ਸ਼ਰਧਾਲੂ ਹੋਣ ਕਰਕੇ ਆਨੰਦਪੁਰ ਹੋਲਾ ਮਹੱਲਾ ਵੇਖਣ ਗਿਆ ਤਾਂ ਉੱਥੇ ਬਾਬਾ ਦੀਪ ਸਿੰਘ ਨੇ ਗੁਰੂ ਗੋਬਿੰਦ ਸਿੰਘ ਜੀ ਤੋਂ ਅੰਮ੍ਰਿਤ ਦੀ ਦਾਤ ਪ੍ਰਾਪਤ ਕਰ ਲਈ ਤੇ ਸਿੰਘ ਸਜ ਗਏ। ਇਸ ਪਿੱਛੋਂ ਉਹ ਅਨੰਦਪੁਰ ਸਾਹਿਬ ਠਹਿਰ ਗਏ ਅਤੇ ਗੁਰਸਿੱਖੀ ਤੇ ਗੁਰਮਤ ਦੇ ਪ੍ਰਚਾਰ ਵਿੱਚ ਲੱਗ ਗਏ। ਇੱਥੇ ਰਹਿੰਦਿਆਂ ਹੀ ਉਨ੍ਹਾਂ ਫਾਰਸੀ, ਸੰਸਕ੍ਰਿਤ ਅਤੇ ਹੋਰ ਭਾਸ਼ਾਵਾਂ ਦਾ ਗਿਆਨ ਲਿਆ ਅਤੇ ਸ਼ਸਤਰ ਵਿਦਿਆ ਹਾਸਲ ਕੀਤੀ। ਗੁਰੂ ਗੋਬਿੰਦ ਸਿੰਘ ਜੀ ਦੀ ਹਾਜ਼ਰੀ ਵਿੱਚ ਬਾਬਾ ਦੀਪ ਸਿੰਘ ਨੇ ਤਲਵੰਡੀ ਸਾਬੋ ਵਿੱਚ ਭਾਈ ਮਨੀ ਸਿੰਘ ਨਾਲ ਗੁਰਬਾਣੀ ਦੇ ਹੱਥ ਲਿਖਤ ਸਰੂਪ ਤਿਆਰ ਕਰਨ ਦੀ ਸੇਵਾ ਵੀ ਨਿਭਾਈ। ਗੁਰੂ ਗੋਬਿੰਦ ਸਿੰਘ ਜੀ ਨਾਂਦੇੜ ਸਾਹਿਬ ਦੀ ਯਾਤਰਾ ਤੇ ਜਾਣ ਸਮੇਂ ਇੱਥੋਂ ਦੀ ਜ਼ਿੰਮੇਵਾਰੀ ਬਾਬਾ ਦੀਪ ਸਿੰਘ ਜੀ ਨੂੰ ਸੌਂਪ ਗਏ ਸਨ। ਬਾਬਾ ਦੀਪ ਸਿੰਘ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਨਾਲ ਕਈ ਜੰਗਾਂ ਲੜੀਆਂ।

  ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਤੋਂ ਬਾਅਦ ਸਿੱਖ ਕੌਮ ਉਪਰ ਜਬਰ ਜ਼ੁਲਮ ਦਾ ਦੌਰ ਸ਼ੁਰੂ ਹੋ ਗਿਆ। ਅਹਿਮਦ ਸ਼ਾਹ ਅਬਦਾਲੀ ਜੋ ਹਰ ਵਰ੍ਹੇ ਲੁੱਟਮਾਰ ਦੇ ਮਨੋਰਥ ਨਾਲ ਆਉਂਦਾ ਸੀ, ਨੇ ਸਿੱਖਾਂ ਦਾ ਖੁਰਾਖੋਜ ਮਿਟਾਉਣ ਲਈ ਜ਼ੁਲਮ ਦੀ ਹਨੇਰੀ ਚਲਾ ਦਿੱਤੀ। ਉਸ ਨੇ ਦਰਬਾਰ ਸਾਹਿਬ ਉਪਰ ਹਮਲਾ ਕਰ ਕੇ ਇਸ ਦੀ ਪਵਿੱਤਰਤਾ ਅਤੇ ਆਸਥਾ ਨੂੰ ਭੰਗ ਕਰਨ ਦੀ ਕੋਸ਼ਿਸ ਕੀਤੀ। ਜਦੋਂ ਬਾਬਾ ਦੀਪ ਸਿੰਘ ਕੋਲ ਦਰਬਾਰ ਸਾਹਿਬ ਦੀ ਬੇਅਦਬੀ ਦੀ ਖ਼ਬਰ ਪੁੱਜੀ ਤਾਂ ਉਨ੍ਹਾਂ ਨੇ ਇਸ ਦੇ ਜ਼ਿੰਮੇਵਾਰਾਂ ਨੂੰ ਸਜ਼ਾ ਦੇਣ ਦਾ ਫ਼ੈਸਲਾ ਕਰ ਲਿਆ। ਸਿੰਘਾਂ ਦੇ ਜਥੇ ਨੂੰ ਨਾਲ ਲੈ ਕੇ ਉਹ ਅੰਮ੍ਰਿਤਸਰ ਲਈ ਰਵਾਨਾ ਹੋ ਗਏ। ਵੱਖ-ਵੱਖ ਪਿੰਡਾਂ ਵਿੱਚੋਂ ਹੁੰਦੇ ਹੋਏ ਅੰਮ੍ਰਿਤਸਰ ਪਹੁੰਚਣ ਤੱਕ ਬਾਬਾ ਜੀ ਦੇ ਜਥੇ ਵਿੱਚ ਬਹੁਤ ਸਾਰੇ ਸਿੰਘ ਹੋਰ ਸ਼ਾਮਲ ਹੋ ਗਏ ਸਨ। ਤਰਨ ਤਾਰਨ ਜਾ ਕੇ ਬਾਬਾ ਜੀ ਨੇ ਸਫ਼ਲਤਾ ਲਈ ਅਰਦਾਸ ਕੀਤੀ। ਸਿੰਘਾਂ ਦੇ ਅੰਮ੍ਰਿਤਸਰ ਵੱਲ ਕੂਚ ਕਰਨ ਦੀ ਖ਼ਬਰ ਜਦੋਂ ਲਾਹੌਰ ਦੇ ਸੂਬੇ ਕੋਲ ਪੁੱਜੀ ਤਾਂ ਉਸ ਨੇ ਫ਼ੌਜਦਾਰ ਜਹਾਨ ਖਾਂ ਦੀ ਅਗਵਾਈ ਹੇਠ ਆਪਣੀ ਫ਼ੌਜ ਅੰਮ੍ਰਿਤਸਰ ਲਈ ਰਵਾਨਾ ਕਰ ਦਿੱਤੀ। ਗੋਹਲਵੜ ਦੇ ਨਜ਼ਦੀਕ ਬਾਬਾ ਦੀਪ ਸਿੰਘ ਦੇ ਜਥੇ ਦਾ ਜਹਾਨ ਖਾਂ ਦੀ ਫ਼ੌਜ ਨਾਲ ਟਾਕਰਾ ਹੋ ਗਿਆ। ਇਸ ਮੈਦਾਨ ਵਿੱਚ ਵੀ ਸਿੰਘ ਸੂਰਬੀਰਤਾ ਨਾਲ ਲੜੇ ਸਨ। ਜਦੋਂ ਜਹਾਨ ਖਾਂ ਦੀ ਫ਼ੌਜ ਦਾ ਭਾਰੀ ਨੁਕਸਾਨ ਹੋਣ ਲੱਗਾ ਤਾਂ ਸ਼ਾਹੀ ਫੌਜ ਵਿੱਚ ਭਾਜੜਾਂ ਪੈ ਗਈਆਂ।

  ਇਸ ਦੌਰਾਨ ਹਾਜੀ ਅਤਾਈ ਖਾਂ ਵੀ ਆਪਣੀ ਫ਼ੌਜ ਤੇ ਭਾਰੀ ਮਾਤਰਾ ਵਿੱਚ ਹਥਿਆਰ ਲੈ ਕੇ ਪੁੱਜ ਗਿਆ। ਇੱਥੇ ਬਹੁਤ ਘਮਸਾਣ ਦੀ ਲੜਾਈ ਹੋਈ। ਸਿੰਘਾਂ ਨੇ ਬਹਾਦਰੀ ਵਿਖਾਉਂਦਿਆਂ ਦੁਸ਼ਮਣਾਂ ਦੀਆਂ ਲਾਸ਼ਾਂ ਦੇ ਢੇਰ ਲਾ ਦਿੱਤੇ। ਅੰਮ੍ਰਿਤਸਰ ਦੇ ਬਾਹਰ ਰਾਮਸਰ ਕੋਲ ਬਾਬਾ ਦੀਪ ਸਿੰਘ ਜੀ ਨੂੰ ਗਰਦਨ ਵਿੱਚ ਤਲਵਾਰ ਦਾ ਮਾਰੂ ਫੱਟ ਲੱਗ ਗਿਆ। ਬਾਬਾ ਜੀ ਨੇ ਆਪਣੇ ਹੱੱਥ ਨਾਲ ਸੀਸ ਨੂੰ ਸੰਭਾਲਦੇ ਹੋਏ ਇੱਕ ਹੱਥ ਵਿੱਚ ਨੌਂ ਸੇਰ ਦੇ ਦੋ-ਧਾਰੇ ਖੰਡੇ ਨਾਲ ਜਹਾਨ ਖਾਂ ਦਾ ਸਿਰ ਲਾਹ ਦਿੱਤਾ। ਬਾਬਾ ਜੀ ਦੁਸ਼ਮਣਾਂ ਦੇ ਆਹੂ ਲਾਉਂਦੇ ਹੋਏ ਦਰਬਾਰ ਸਾਹਿਬ ਦੀ ਪਰਿਕਰਮਾ ਵਿੱਚ ਨਤਮਸਤਕ ਹੁੰਦਿਆਂ ਸ਼ਹੀਦੀ ਪਾ ਗਏ।

  ਗੁਰਜੀਵਨ ਸਿੰਘ ਸਿੱਧੂ ਨਥਾਣਾ
  ਸੰਪਰਕ: 94170-79435